ਸੋਰਠਿ ਮਹਲਾ ੫ ਘਰੁ ੨ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ ॥ ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ ਜੀਆ ॥੧॥ ਸੰਤਹੁ ਘਟਿ ਘਟਿ ਰਹਿਆ ਸਮਾਹਿਓ ॥ ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ ਆਹਿਓ ॥੧॥ ਰਹਾਉ ॥ ਗੁਣ ਨਿਧਾਨ ਨਾ ਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ ॥ ਸਰਬ ਨਿਵਾਸੀ ਸਦਾ ਅਲੇਪਾ ਸਭ ਮਹਿ ਰਹਿਆ ਸਮਾਇਓ ॥੨॥੧॥੨੯॥ {ਪੰਨਾ 617}

ਨੋਟ:- ਦੁਪਦੇ—ਦੋ ਪਦਾਂ ਵਾਲੇ, ਦੋ ਬੰਦਾਂ ਵਾਲੇ।

ਪਦਅਰਥ:- ਸਗਲ ਬਨਸਪਤਿ—ਸਾਰੀ ਬਨਸਪਤੀ, ਸਾਰੇ ਬੂਟੇ। ਬੈਸੰਤਰੁ—ਅੱਗ। ਘੀਆ—ਘਿਓ। ਸਮਾਣੀ—ਸਮਾਈ ਹੋਈ ਹੈ। ਘਟਿ ਘਟਿ—ਹਰੇਕ ਸਰੀਰ ਵਿਚ। ਮਾਧਉ—ਮਾਧਵ, ਮਾਇਆ ਦਾ ਪਤੀ; ਪਰਮਾਤਮਾ। ਜੀਆ—ਸਭ ਜੀਵਾਂ ਵਿਚ।1।

ਰਹਿਆ ਸਮਾਹਿਓ—ਸਮਾ ਰਿਹਾ ਹੈ। ਪੂਰਨ—ਪੂਰੇ ਤੌਰ ਤੇ। ਜਲਿ—ਪਾਣੀ ਵਿਚ। ਆਹਿਓ—ਹੈ।1। ਰਹਾਉ।

ਗੁਣ ਨਿਧਾਨ ਜਸੁ—ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਜਸ। ਸਤਿਗੁਰਿ—ਗੁਰੂ ਨੇ। ਭਰਮੁ—ਭੁਲੇਖਾ। ਚੁਕਾਇਓ—ਦੂਰ ਕਰ ਦਿੱਤਾ ਹੈ। ਅਲੇਪਾ—ਨਿਰਲੇਪ।2।

ਅਰਥ:- ਹੇ ਸੰਤ ਜਨੋ! ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ। ਉਹ ਪੂਰੀ ਤਰ੍ਹਾਂ ਸਾਰੇ ਜੀਵਾਂ ਵਿਚ ਵਿਆਪਕ ਹੈ, ਉਹ ਸੋਹਣਾ ਰਾਮ ਪਾਣੀ ਵਿਚ ਹੈ ਧਰਤੀ ਵਿਚ ਹੈ।1। ਰਹਾਉ।

ਹੇ ਭਾਈ! ਜਿਵੇਂ ਸਭ ਬੂਟਿਆਂ ਵਿਚ ਅੱਗ (ਗੁਪਤ ਮੌਜੂਦ) ਹੈ, ਜਿਵੇਂ ਹਰੇਕ ਕਿਸਮ ਦੇ ਦੁੱਧ ਵਿਚ ਘਿਉ (ਮੱਖਣ) ਗੁਪਤ ਮੌਜੂਦ ਹੈ, ਤਿਵੇਂ ਚੰਗੇ ਮੰਦੇ ਸਭ ਜੀਵਾਂ ਵਿਚ ਪ੍ਰਭੂ ਦੀ ਜੋਤਿ ਸਮਾਈ ਹੋਈ ਹੈ, ਪਰਮਾਤਮਾ ਹਰੇਕ ਸਰੀਰ ਵਿਚ ਹੈ, ਸਭ ਜੀਵਾਂ ਵਿਚ ਹੈ।1।

ਹੇ ਭਾਈ! ਨਾਨਕ (ਉਸ) ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹੈ। ਗੁਰੂ ਨੇ (ਨਾਨਕ ਦਾ) ਭੁਲੇਖਾ ਦੂਰ ਕਰ ਦਿੱਤਾ ਹੈ (ਤਾਂਹੀਏਂ ਨਾਨਕ ਨੂੰ ਯਕੀਨ ਹੈ ਕਿ) ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ (ਫਿਰ ਭੀ) ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਹੈ, ਸਭ ਜੀਵਾਂ ਵਿਚ ਸਮਾ ਰਿਹਾ ਹੈ।2।1। 29।